**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

**ਨੋਟਿਸ**

(ਚੋਣ ਵਿਧੀ ਅਤੇ ਲਿਖਤੀ ਪੇਪਰ ਦੀ ਮਿਤੀ ਸਬੰਧੀ)

ਇਸ਼ਤਿਹਾਰ ਨੰ: 10/2021 ਰਾਹੀਂ ਚੋਣ ਕਾਨੂੰਗੋ ਦੀਆਂ 05 ਅਸਾਮੀਆਂ ਭਰਨ ਲਈ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਸੀ। ਇਸ ਸਬੰਧੀ ਉਮੀਦਵਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਨ੍ਹਾਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਕੀਤੀ ਜਾਏਗੀ। ਇਹ **ਲਿਖਤੀ ਪ੍ਰੀਖਿਆ ਮਿਤੀ 23-09-2021 ਨੂੰ ਚੰਡੀਗੜ੍ਹ ਵਿਖੇ** ਆਯੋਜਿਤ ਕੀਤੀ ਜਾਣੀ ਹੈ। ਲਿਖਤੀ ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ ਅਤੇ ਹੋਰ ਜਾਣਕਾਰੀ ਸਬੰਧੀ ਜਲਦੀ ਹੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸੂਚਿਤ ਕੀਤਾ ਜਾਏਗਾ। ਇਸ ਕਰਕੇ ਉਮੀਦਵਾਰਾਂ ਵਲੋਂ ਇਸ ਭਰਤੀ ਦੀ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਲਿਖਤੀ ਪ੍ਰੀਖਿਆ ਸਬੰਧੀ ਮਹੱਤਵਪੂਰਨ ਹਦਾਇਤਾਂ/ਸ਼ਰਤਾਂ ਹੇਠ ਅਨੁਸਾਰ ਹਨ:

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ Objective type ਲਿਖਤੀ ਪ੍ਰੀਖਿਆ ਲਈ ਜਾਏਗੀ।

2. ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ ਸਿਰਫ ਲਿਖਤੀ ਪ੍ਰੀਖਿਆ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਹੀ ਮੈਰਿਟ ਸੂਚੀ (Merit List) ਤਿਆਰ ਕੀਤੀ ਜਾਏਗੀ।

3. ਉਪਰੋਕਤ ਦਰਸਾਈਆਂ ਅਸਾਮੀਆਂ ਵਾਸਤੇ ਵਿਚਾਰੇ ਜਾਣ ਲਈ ਹਰ ਸ਼੍ਰੇਣੀ ਦੇ ਉਮੀਦਵਾਰ ਲਈ ਲਿਖਤੀ ਪ੍ਰੀਖਿਆ ਵਿੱਚੋਂ ਘੱਟ ਤੋਂ ਘੱਟ 40% (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨੇ ਜਰੂਰੀ ਹਨ। ਲਿਖਤੀ ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਕਿਸੇ ਵੀ ਸਥਿਤੀ ਵਿੱਚ ਵਿਚਾਰਿਆ ਨਹੀਂ ਜਾਵੇਗਾ।

4. ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਹੀ ਅਸਾਮੀਆਂ ਦਾ 3 ਗੁਣਾ ਜਾਂ ਬੋਰਡ ਵੱਲੋਂ ਲਏ ਗਏ ਫੈਸਲੇ ਅਨੁਸਾਰ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

5. ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ/ਪੈਟਰਨ (Pattern) ਨਾਲ ਨੱਥੀ Annexure-A ਵਿੱਚ ਦਰਸਾਇਆ ਗਿਆ ਹੈ। ਇਹ ਸਿਲੇਬਸ/ਪੈਟਰਨ (ਪ੍ਰਸ਼ਨਾਂ/ਅੰਕਾਂ ਦੀ ਵੰਡ) ਸੰਕੇਤਕ (Indicative) ਹੈ ਜੋ ਕਿ ਉਮੀਦਵਾਰਾਂ ਨੂੰ ਸਿਰਫ ਸੇਧ ਦੇਣ ਦੇ ਮੰਤਵ ਲਈ ਨਿਰਧਾਰਤ ਕੀਤਾ ਗਿਆ ਹੈ ਅਤੇ ਇਸ ਵਿੱਚ ਥੋੜ੍ਹਾ-ਬਹੁਤ ਬਦਲਾਅ (may vary) ਹੋ ਸਕਦਾ ਹੈ।

6. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ

ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

7. ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵਿਅਕਤੀਗਤ ਤੌਰ ਤੇ ਕੋਈ ਵੀ ਪੱਤਰ-ਵਿਹਾਰ/ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

ਸਕੱਤਰ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਸਥਾਨ: ਐਸ.ਏ.ਐਸ. ਨਗਰ
ਮਿਤੀ: 07.09.2021

Annexure - A

Syllabus/Pattern for written examination for the Post of Election Kanugo

*Note: I. There will be total 100 MCQs (Multiple Choice Questions) in the Objective written test. The duration of exam will be 90 minutes.*

*II. There will be negative marking in the exam and 1/4 mark will be deducted for every wrong answer.*

*III. The distribution of questions/marks mentioned below is indicative and for guidance purpose. It may vary slightly.*

*IV. The syllabus/pattern for written test is broadly classified as below which may vary to some extent:*

1. **Quantitative Ability** **15 MCQs**

Number Series, Profit and Loss, Calculation of Interest, Divisibility test, problems on Ratio & Proportions, Percentage problems, problems on Interest, Data Interpretation.

2. **Reasoning Ability** **15 MCQs**

Problems on Logical thinking, Alphanumeric Series, Letter & Number Series, Odd Man Out problems, Analogy problems, Common Sense Test, problems on Alphabetical Arrangement of Words

3. **Information Technology & Computers** **15 MCQs**

Basics of Computers, Working of Mobile Phones and personal digital Gadgets, Wireless Technology including 3G, 4G, 5G, Wi-Fi and Bluetooth, Use of hotspots, Fundamentals of Computers and Networks, Internet, Malware, Concepts related to GPS, understanding emails/SMS/messengers ,Use of Office Productivity Tools such as MS Word, spreadsheets

4. **Languages (English/Punjabi)** **25 MCQs**

Basic Grammar, Subject and Verb, Adjectives and Adverbs, Synonyms, Antonyms, One word Substitution, Fill in the blanks, Problem concerning words, Comparison of Adjectives, Articles, Prepositions, Direct and Indirect Speech, Active and Passive Voice, Correction in Sentences, gender, Singular and Plural, Idioms and their meanings, Reading comprehension, Spell Checks etc.

5. **General Knowledge/Awareness (India & Punjab)** **15 MCQs**

Current Affairs, History & Geography, Its Physical Features, Climate, Demography of India, Its Economic and Social Development, Poverty Alleviation, Economic Planning,

Etc. Economic Affairs and Culture, knowledge related to Political and Scientific fields, Sports, Cinema and Literature etc. Important Events, Movements and Leaders of India and Punjab. (Only questions with definitive dates or years, if required)

6. **Basic Law & Constitution** **15 MCQs**

Features of constitution, Preamble, Fundamental rights, Fundamental Duties, Directive principles of the state policy, structure of Central Government, Powers of Parliament, Procedure of Law making, Roles of President, Vice-President and Prime Minister, Council of Ministers. State Governments – Structure, Powers and functioning, Chief Minister and council of ministers. Governors – Powers and functions Supreme Court of India, High Courts and Subordinate Courts – Structure and Powers. Democracy and elections, Role of Election commission.

ਸਕੱਤਰ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਸਥਾਨ: ਐਸ.ਏ.ਐਸ. ਨਗਰ
ਮਿਤੀ: 07.09.2021